ਸੰਵਿਧਾਨ ਦਿਵਸ ਤੇ ਆਮ ਆਦਮੀ ਪਾਰਟੀ ਦਾ ਸਥਾਪਨਾ ਦਿਵਸ ਮਨਾਉਣ ਮੌਕੇ 'ਆਪ' ਦੇ ਲੋਕ ਸਭਾ ਇੰਚਾਰਜ ਜਸਕਰਨ ਸਿੰਘ ਬੰਦੇਸ਼ਾ ਤੇ ਹੋਰ। ਤਸਵੀਰ : ਨਿਰਮਲ ਸਟੂਡੀਓ

'ਆਪ' ਨੇ ਸੰਵਿਧਾਨ ਦਿਵਸ ਤੇ ਆਮ ਆਦਮੀ ਪਾਰਟੀ ਦਾ ਸਥਾਪਨਾ ਦਿਵਸ ਮਨਾਇਆ

ਅੰਮ੍ਰਿਤਸਰ, 27 ਨਵੰਬਰ (ਸੁਰਿੰਦਰਪਾਲ ਸਿੰਘ ਵਰਪਾਲ)-ਆਮ ਆਦਮੀ ਪਾਰਟੀ ਵਲੋਂ ਅੰਮ੍ਰਿਤਸਰ ਜ਼ਿਲ੍ਹਾ ਦਫ਼ਤਰ ਵਿਖੇ ਸੰਵਿਧਾਨ ਦਿਵਸ ਅਤੇ ਆਮ ਆਦਮੀ ਪਾਰਟੀ ਦਾ ਸਥਾਪਨਾ ਦਿਵਸ ਮਨਾਇਆ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਦੇ ਲੋਕ ਸਭਾ ਇੰਚਾਰਜ ਜਸਕਰਨ ਸਿੰਘ ਬੰਦੇਸ਼ਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾ ਸੰਵਿਧਾਨ ਦੀਆਂ ਕਦਰਾਂ ਕੀਮਤਾਂ 'ਤੇ ਪਹਿਰਾ ਦਿੰਦੀ ਹੈ ਅਤੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਨੇ ਇਸ ਸੰਵਿਧਾਨ 'ਚ ਸਭ ਨੂੰ ਬਰਾਬਰੀ ਦਾ ਅਧਿਕਾਰ ਦਿੱਤਾ ਹੈ ਅਤੇ ਆਮ ਆਦਮੀ ਪਾਰਟੀ ਵੀ ਸਭ ਨਾਗਰਿਕਾਂ ਨੂੰ ਬੁਨਿਆਦੀ ਸਹੂਲਤਾਂ ਬਿਨ੍ਹਾਂ ਕਿਸੇ ਭੇਦਭਾਵ 'ਤੇ ਦਿੰਦੀ ਹੈ। ਇਸ ਮੌਕੇ ਜ਼ਿਲ੍ਹਾ ਸਕੱਤਰ ਮੁਖਵਿੰਦਰ ਸਿੰਘ ਵਿਰਦੀ ਨੇ ਕਿਹਾ ਕਿ ਅੱਜ ਦੇ ਦਿਨ ਆਮ ਆਦਮੀ ਪਾਰਟੀ ਦਾ ਜਨਮ ਸੰਘਰਸ਼ ਅਤੇ ਅੰਦੋਲਨ 'ਚੋਂ ਹੋਇਆ ਸੀ ਅਤੇ ਆਮ ਆਦਮੀ ਪਾਰਟੀ ਜਿਹੜੀਆਂ ਮੰਗਾਂ ਰਵਾਇਤੀ ਪਾਰਟੀਆਂ ਤੋਂ ਕਰਦੀ ਸੀ ਸੱਤਾ 'ਚ ਆਉਣ ਤੋਂ ਬਾਅਦ ਉਹ ਸਾਰੀਆਂ ਸਹੂਲਤਾਂ ਲੋਕਾਂ ਨੂੰ ਆਮ ਆਦਮੀ ਪਾਰਟੀ ਦੇ ਰਹੀ ਹੈ। ਇਸ ਮੌਕੇ ਐੱਸ. ਸੀ. ਵਿੰਗ ਦੇ ਸੂਬਾ ਸਹਿ ਪ੍ਰਧਾਨ ਰਵਿੰਦਰ ਹੰਸ, ਟਰੱਸਟੀ ਮਨਦੀਪ ਸਿੰਘ ਮੌਂਗਾ, ਮਹਿਲਾ ਵਿੰਗ ਦੇ ਪ੍ਰਧਾਨ ਕਾਮਨਾ ਅਨੰਦ, ਸੰਗਠਨ ਇੰਚਾਰਜ ਹਰਪ੍ਰੀਤ ਸਿੰਘ ਬੇਦੀ ਬੌਬੀ ਬਾਵਾ, ਸੀਨੀਅਰ ਆਗੂ ਇਕਬਾਲ ਸਿੰਘ ਭੁੱਲਰ, ਅਨਿਲ ਮਹਾਜਨ, ਦਫ਼ਤਰ ਇੰਚਾਰਜ ਕਰਮਜੀਤ ਸਿੰਘ, ਖਜਾਨਚੀ ਕੇਵਲ ਅਟਵਾਲ, ਮੀਡੀਆ ਸਕੱਤਰ ਮਾਝਾ ਜ਼ੋਨ ਵਰੁਣ ਰਾਣਾ, ਰਵੀ ਸ਼ੰਕਰ ਸਮੇਤ ਵੱਡੀ ਗਿਣਤੀ 'ਚ ਆਮ ਆਦਮੀ ਪਾਰਟੀ ਵਰਕਰ ਹਾਜ਼ਰ ਸਨ।

ਕਰਮਚਾਰੀ ਭਵਿੱਖ ਨਿਧੀ ਸੰਗਠਨ ਖੇਤਰੀ ਦਫ਼ਤਰ ਅੰਮ੍ਰਿਤਸਰ ਨੇ ਨਿਧੀ ਆਪਣੇ ਨਿਕਟ 2.0 ਪ੍ਰੋਗਰਾਮ ਕਰਵਾਏ

ਅੰਮ੍ਰਿਤਸਰ, 27 ਨਵੰਬਰ (ਰਾਜੇਸ਼ ਕੁਮਾਰ ਸ਼ਰਮਾ)-ਕਰਮਚਾਰੀ ਭਵਿੱਖ ਨਿਧੀ ਸੰਗਠਨ ਖੇਤਰੀ ਦਫ਼ਤਰ ਅੰਮ੍ਰਿਤਸਰ ਵਲੋਂ ਖੇਤਰੀ ਭਵਿੱਖ ਨਿਧੀ ਫੰਡ ਕਮਿਸ਼ਨਰ ਲੋਕੇਂਦਰ ਸਿੰਘ ਦੀ ਅਗਵਾਈ ਹੇਠ ਮੈਸਰਜ਼ ਰਾਣਾ ਸ਼ੂਗਰ ਲਿਮ. ਪਿੰਡ ਬੁੱਟਰ ਸਿਵੀਆ ਤਹਿਸੀਲ ਬਾਬਾ ਬਕਾਲਾ ਅੰਮ੍ਰਿਤਸਰ, ਮੈਸਰਜ਼ ਡੀ. ਆਰ. ਕੇ. ਫੂਡ ਪ੍ਰਾ. ਲਿਮ. ਪਿੰਡ ਬਚੜੇ ਜ਼ਿਲ੍ਹਾ ਤਰਨ ਤਾਰਨ, ਮੈਸਰਜ਼ ਸੇਂਟ ਫਰਾਂਸਿਸ ਸਕੂਲ ਜਲੰਧਰ ਰੋਡ ਬਟਾਲਾ ਅਤੇ ਮੈਸਰਜ਼ ਰਿਵੇਰਾ ਹੋਟਲ ਢਾਂਗੂ ਰੋਡ ਪਠਾਨਕੋਟ ਵਿਖੇ ਨਿਧੀ ਆਪਣੇ ਨਿਕਟ 2.0 ਪ੍ਰੋਗਰਾਮ ਕਰਵਾਏ ਗਏ। ਇਨ੍ਹਾਂ ਪ੍ਰੋਗਰਾਮਾਂ 'ਚ ਨੋਡਲ ਅਫ਼ਸਰ ਨੇ ਮਾਲਕਾਂ ਅਤੇ ਕਰਮਚਾਰੀਆਂ ਦੀਆਂ ਸਮੱਸਿਆਵਾਂ ਦਾ ਹੱਲ ਕੀਤਾ ਅਤੇ ਉਨ੍ਹਾਂ ਨਾਲ ਪੀ. ਐੱਫ. ਸੰਗਠਨ ਨਾਲ ਸੰਬੰਧਿਤ ਮਹੱਤਵਪੂਰਨ ਵਿਸ਼ਿਆਂ 'ਤੇ ਚਰਚਾ ਕੀਤੀ। ਇਸ ਦੌਰਾਨ ਨੋਡਲ ਅਫ਼ਸਰਾਂ ਨੇ ਰੁਜ਼ਗਾਰਦਾਤਾਵਾਂ ਅਤੇ ਕਰਮਚਾਰੀਆਂ ਨਾਲ ਸਬੰਧਿਤ ਮੁੱਦਿਆਂ 'ਤੇ ਚਰਚਾ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਕੀਤੇ। ਇਸ ਮੌਕੇ ਖੇਤਰੀ ਭਵਿੱਖ ਨਿਧੀ ਫੰਡ ਕਮਿਸ਼ਨਰ ਲੋਕੇਂਦਰ ਸਿੰਘ ਨੇ ਦੱਸਿਆ ਕਿ ਕੇਂਦਰ ਸਰਕਾਰ ਵਲੋਂ ਸੰਸਥਾਵਾਂ 'ਚ ਕੰਮ ਕਰਨ ਵਾਲੇ ਕਰਮਚਾਰੀਆਂ ਦੀ ਭਲਾਈ ਲਈ ਪ੍ਰਧਾਨ ਮੰਤਰੀ ਵਿਕਾਸ ਭਾਰਤ ਰੁਜ਼ਗਾਰ ਯੋਜਨਾ ਸੰਬੰਧੀ ਵੀ ਜਾਣੂੰ ਕਰਵਾਇਆ। ਉਨ੍ਹਾਂ ਦੱਸਿਆ ਕਿ ਇਹ ਯੋਜਨਾ ਨਿਰਮਾਣ ਖੇਤਰਾਂ ਲਈ 4 ਸਾਲਾਂ ਲਈ ਅਤੇ ਹੋਰ ਮਾਲਕਾਂ ਲਈ 2 ਸਾਲਾਂ ਲਈ ਲਾਗੂ ਹੋਵੇਗੀ। ਇਸ ਯੋਜਨਾ ਦੀ ਰਜਿਸਟਰੇਸ਼ਨ 1 ਅਗਸਤ, 2025 ਤੋਂ ਸ਼ੁਰੂ ਹੋਵੇਗੀ ਅਤੇ 31 ਜੁਲਾਈ, 2027 ਤੱਕ ਚੱਲੇਗੀ। ਇਹ ਯੋਜਨਾ 1 ਲੱਖ ਰੁਪਏ ਤੱਕ ਤਨਖਾਹ ਪ੍ਰਾਪਤ ਕਰਨ ਵਾਲੇ ਕਰਮਚਾਰੀਆਂ 'ਤੇ ਲਾਗੂ ਹੋਵੇਗੀ, ਪਰ ਲਾਭਪਾਤਰੀਆਂ ਨੂੰ ਇੱਕ ਮਹੀਨੇ ਦੀ ਤਨਖਾਹ (15 ਹਜ਼ਾਰ ਰੁਪਏ ਤੱਕ) ਦੋ ਕਿਸ਼ਤਾਂ ਵਿੱਚ ਦਿੱਤੀ ਜਾਵੇਗੀ। ਉਨ੍ਹਾਂ ਅੱਗੇ ਦੱਸਿਆ ਕਿ ਇਸ ਯੋਜਨਾ ਤਹਿਤ ਨਵ-ਨਿਯੁਕਤ ਕਰਮਚਾਰੀਆਂ ਦੇ ਮਾਲਕਾਂ ਨੂੰ ਪ੍ਰਤੀ ਮਹੀਨਾ 3000 ਰੁਪਏ ਤੱਕ ਦੀ ਸਹਾਇਤਾ ਦਿੱਤੀ ਜਾਵੇਗੀ। ਉਨ੍ਹਾਂ ਮਾਲਕਾਂ ਨੂੰ ਇਸ ਯੋਜਨਾ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਕੇਂਦਰ ਸਰਕਾਰ ਨੇ ਇਸ ਯੋਜਨਾ ਲਈ ਲਗਭਗ 1 ਲੱਖ ਕਰੋੜ ਰੁਪਏ ਦਾ ਬਜਟ ਰੱਖਿਆ ਹੈ, ਜਿਸ ਨਾਲ ਸਾਢੇ ਤਿੰਨ ਕਰੋੜ ਨੌਕਰੀਆਂ ਪੈਦਾ ਹੋਣ ਦੀ ਸੰਭਾਵਨਾ ਹੈ। ਉਨ੍ਹਾਂ ਦੱਸਿਆ ਕਿ ਈ.ਪੀ.ਐੱਫ.ਓ. ਨੇ ਮੈਂਬਰ ਪ੍ਰੋਫਾਈਲਿੰਗ ਲਈ ਸਾਂਝੀ ਘੋਸ਼ਣਾ ਪ੍ਰਕਿਰਿਆ ਦੀ ਔਨਲਾਈਨ ਸਹੂਲਤ ਨੂੰ ਸਰਲ ਬਣਾਇਆ ਹੈ। ਹੁਣ ਮੈਂਬਰ ਖੁੱਦ ਜਾਂ ਆਪਣੇ ਨਜ਼ਦੀਕੀ ਈ.ਪੀ.ਐੱਫ.ਓ. ਦਫ਼ਤਰ ਜਾ ਕੇ ਆਪਣੀ ਪ੍ਰੋਫਾਈਲ ਨੂੰ ਅਪਡੇਟ ਕਰਵਾ ਸਕਦੇ ਹਨ, ਜਿਸ 'ਚ ਨਾਂਅ, ਜਨਮ ਤਰੀਕ, ਜੈਂਡਰ ਆਦਿ 'ਚ ਸੋਧ, ਆਧਾਰ ਨੂੰ ਲਿੰਕ ਕਰਨਾ, ਸੇਵਾ ਰਿਕਾਰਡ 'ਚ ਸੁਧਾਰ ਅਤੇ ਸ਼ਿਕਾਇਤ ਦਰਜ਼ ਕਰਨਾ ਹੈ। ਇਸ ਲਈ ਰੁਜ਼ਗਾਰਦਾਤਾ ਦੀ ਲੋੜ ਨਹੀਂ ਹੈ। ਸਾਰਿਆਂ ਸੇਵਾਵਾਂ ਬਿਲਕੁਲ ਮੁਫ਼ਤ ਹਨ। ਕਿਸੇ ਵੀ ਸੇਵਾ ਲਈ ਕੋਈ ਪੈਸਾ ਨਹੀਂ ਲਿਆ ਜਾਦਾ। ਮੈਂਬਰਾਂ ਨੂੰ ਸਾਈਬਰ ਕੈਫੇ ਵੀ ਜਾਣ ਦੀ ਲੋੜ ਨਹੀਂ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਜਾਣਕਾਰੀ ਲਈ ਕੇਵਲ ਈ. ਪੀ. ਐੱਫ. ਓ. ਦੀ ਅਧਿਕਾਰਤ ਵੈਬਸਾਈਟ ਜਾਂ ਉਮੰਗ ਐਪ ਦੀ ਵਰਤੋਂ ਕਰਨ ਅਤੇ ਕਿਸੇ ਅਣਜਾਣ ਵਿਅਕਤੀ ਨੂੰ ਆਪਣੀ ਜਾਣਕਾਰੀ ਸਾਂਝਾ ਨਾ ਕਰਨ। ਉਨ੍ਹਾਂ ਦੱਸਿਆ ਕਿ ਈ. ਪੀ. ਐੱਫ. ਓ. ਨੇ ਆਪਣੇ ਮੈਂਬਰਾਂ ਲਈ ਪੀ. ਐੱਫ. ਖਾਤਾ ਟਰਾਂਸਫਰ ਦੀ ਪ੍ਰਕਿਰਿਆ ਨੂੰ ਸਰਲ ਬਣਾਇਆ ਹੈ। ਹੁਣ ਨੌਕਰੀ ਬਦਲਣ ਦੇ ਜ਼ਿਆਦਾਤਰ ਮਾਮਲਿਆਂ 'ਚ ਪਿਛਲੇ ਜਾਂ ਨਵੇਂ ਰੁਜ਼ਗਾਰਦਾਤਾ ਦੁਆਰਾ ਔਨਲਾਈਨ ਟਰਾਂਸਫਰ ਕਲੇਮ ਭੇਜਣ ਦੀ ਜ਼ਰੂਰਤ ਨੂੰ ਖਤਮ ਕਰ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਬੈਂਕ ਖਾਤਾ ਸੀਡਿੰਗ ਪ੍ਰਕਿਰਿਆ 'ਚ ਮਾਲਕ ਦੇ ਮਨਜ਼ੂਰੀ ਦੀ ਕੋਈ ਲੋੜ ਨਹੀਂ ਹੋਵੇਗੀ। ਮੈਂਬਰ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਮਾਲਕ ਕੋਲ ਪਹਿਲਾਂ ਤੋਂ ਲੰਬਿਤ ਬੈਂਕ ਕੇ. ਵਾਈ. ਸੀ. ਬੇਨਤੀ ਨੂੰ ਹਟਾ ਦੇਣ ਅਤੇ ਆਟੋ-ਵੈਰੀਫਿਕੇਸ਼ਨ ਲਈ ਇਸਨੂੰ ਦੁਬਾਰਾ ਸ਼ੁਰੂ ਕਰੇ। ਹੁਣ ਬੈਂਕ ਕੇ. ਵਾਈ. ਸੀ. ਸੁਨੇਹਾ ਤਸਦੀਕ ਪ੍ਰਕਿਰਿਆ ਦੇ ਤਹਿਤ ਦਿਖਾਇਆ ਜਾਵੇਗਾ। ਇਸ ਤੋਂ ਇਲਾਵਾ ਕਰਮਚਾਰੀਆਂ ਅਤੇ ਪੈਨਸ਼ਨ ਲੈਣ ਵਾਲਿਆਂ ਦੀਆਂ ਸ਼ਿਕਾਇਤਾਂ ਦਾ ਵੀ ਨਿਪਟਾਰਾ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਨਵੰਬਰ 2025 'ਚ 7167 ਦਾਅਵਿਆਂ ਦਾ ਨਿਪਟਾਰਾ ਕੀਤਾ ਗਿਆ ਹੈ, ਜਿਨ੍ਹਾਂ ਵਿਚੋਂ ਸਾਰੇ ਦਾਅਵਿਆਂ ਦਾ ਤਿੰਨ ਦਿਨਾਂ 'ਚ ਨਿਪਟਾਰਾ ਕੀਤਾ ਗਿਆ ਸੀ। ਇਸ ਤੋਂ ਇਲਾਵਾ 74 ਨਵੇਂ ਪੈਨਸ਼ਨਰਾਂ ਦੇ ਨਾਲ ਹੋਰਨਾਂ 27572 ਪੈਨਸ਼ਨਰਾਂ ਨੂੰ ਵੀ ਪੈਨਸ਼ਨ ਦਿੱਤੀ ਗਈ।

ਨਿਧੀ ਆਪਣੇ ਨਿਕਟ 2.0 ਪ੍ਰੋਗਰਾਮ ਦੌਰਾਨ ਮੈਂਬਰਾਂ ਨੂੰ ਜਾਗਰੂਕ ਕਰਦੇ ਹੋਏ ਅਧਿਕਾਰੀ। ਅਜੀਤ ਤਸਵੀਰ

ਨਗਰ ਨਿਗਮ ਦੇ ਬਿਲਡਿੰਗ ਵਿਭਾਗ ਦੇ ਮੁਲਾਜ਼ਮ ਝਬਾਲ ਰੋਡ ਵਿਖੇ ਸਥਿਤ ਅਨੰਦ ਵਿਹਾਰ ਇਲਾਕੇ 'ਚ ਅਣ ਅਧਿਕਾਰਤ ਉਸਰ ਰਹੀਆਂ ਦੁਕਾਨਾਂ ਨੂੰ ਤੋੜਦੇ ਹੋਏ ਬਿਲਡਿੰਗ ਵਿਭਾਗ ਦੇ ਮੁਲਾਜ਼ਮ। ਤਸਵੀਰ: ਹਰਜੀਤ ਸਿੰਘ

ਅਨੰਦ ਵਿਹਾਰ ਇਲਾਕੇ 'ਚ ਅਣ-ਅਧਿਕਾਰਤ ਤੌਰ 'ਤੇ ਉਸਰ ਰਹੀਆਂ 6 ਦੁਕਾਨਾਂ 'ਤੇ ਬਿਲਡਿੰਗ ਵਿਭਾਗ ਵਲੋਂ ਕਾਰਵਾਈ

ਅੰਮ੍ਰਿਤਸਰ, 27 ਨਵੰਬਰ (ਹਰਮਿੰਦਰ ਸਿੰਘ)-ਨਗਰ ਨਿਗਮ ਦੇ ਬਿਲਡਿੰਗ ਵਿਭਾਗ ਵਲੋਂ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ, ਵਧੀਕ ਕਮਿਸ਼ਨਰ ਜੈਇੰਦਰ ਸਿੰਘ ਦੀਆਂ ਹਦਾਇਤਾਂ 'ਤੇ ਸਥਾਨਕ ਝਬਾਲ ਰੋਡ ਵਿਖੇ ਅਣ ਅਧਿਕਾਰਤ ਤੌਰ 'ਤੇ ਉਸਰ ਰਹੀਆਂ ਦੁਕਾਨਾਂ 'ਤੇ ਕਾਰਵਾਈ ਕੀਤੀ ਗਈ। ਇਸ ਕਾਰਵਾਈ ਦੌਰਾਨ 6 ਦੁਕਾਨਾਂ 'ਤੇ ਡਿੱਚ ਮਸ਼ੀਨ ਚਲਾਈ ਗਈ। ਇਸ ਸੰਬੰਧੀ ਜਾਣਕਾਰੀ ਦਿੰਦੇ ਏ. ਟੀ. ਪੀ. ਕਿਰਨਜੀਤ ਕੌਰ ਨੇ ਦੱਸਿਆ ਕਿ ਨਿਗਮ ਕਮਿਸ਼ਨਰ ਦੀਆਂ ਹਦਾਇਤਾਂ 'ਤੇ ਸਥਾਨਕ ਝਬਾਲ ਰੋਡ ਸਥਿਤ ਅਨੰਦ ਵਿਹਾਰ ਇਲਾਕੇ ਵਿਚ ਅਣ ਅਧਿਕਾਰਤ ਤੌਰ 'ਤੇ ਉਸਰ ਰਹੀਆਂ ਦੁਕਾਨਾਂ ਦੀ ਉਸਾਰੀ ਦਾ ਕੰਮ ਬੰਦ ਕਰਵਾਉਣ ਲਈ ਸੰਬੰਧਿਤ ਵਿਅਕਤੀਆਂ ਨੂੰ ਪਹਿਲਾਂ ਨੋਟਿਸ ਦਿੱਤਾ ਗਿਆ ਸੀ, ਇਸ ਤੋਂ ਬਾਅਦ ਵੀ ਦੁਕਾਨਾਂ ਦੀ ਉਸਾਰੀ ਦਾ ਕੰਮ ਚਲ ਰਿਹਾ ਸੀ ਜਿਸ ਉਪਰੰਤ ਕਮਿਸ਼ਨਰ ਦੀਆਂ ਹਦਾਇਤਾਂ 'ਤੇ ਉਨ੍ਹਾਂ ਵਲੋਂ ਆਪਣੀ ਟੀਮ ਬਿਲਡਿੰਗ ਇੰਸਪੈਕਟਰ ਨਿਤਿਨ ਧੀਰ, ਮਾਧਵੀ ਅਤੇ ਪੁਲਿਸ ਨੂੰ ਨਾਲ ਲੈ ਕੇ ਉਕਤ ਦੁਕਾਨਾਂ 'ਤੇ ਕਾਰਵਾਈ ਕਰਦੇ ਹੋਏ ਉਨ੍ਹਾਂ ਨੂੰ ਡਿੱਚ ਮਸ਼ੀਨ ਨਾਲ ਤੋੜਿਆ ਗਿਆ ਹੈ।

ਬੀ. ਬੀ. ਕੇ. ਡੀ. ਏ. ਵੀ. ਕਾਲਜ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨੂੰ ਸਮਰਪਿਤ ਵਿਸ਼ੇਸ਼ ਭਾਸ਼ਨ

ਅੰਮ੍ਰਿਤਸਰ, 27 ਨਵੰਬਰ (ਰਾਜੇਸ਼ ਕੁਮਾਰ ਸ਼ਰਮਾ)-ਬੀ. ਬੀ. ਕੇ. ਡੀ. ਏ. ਵੀ. ਕਾਲਜ ਫਾਰ ਵੂਮੈਨ ਵਲੋਂ ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹਾਦਤ ਨੂੰ ਸਮਰਪਿਤ ਵਿਸ਼ੇਸ਼ ਭਾਸ਼ਣ ਕਰਵਾਇਆ ਗਿਆ, ਜਿਸ 'ਚ ਪ੍ਰੋਫੈਸਰ (ਡਾ.) ਮਨਜਿੰਦਰ ਸਿੰਘ ਮੁਖੀ ਪੰਜਾਬੀ ਅਧਿਐਨ ਸਕੂਲ, ਗੁਰੂ ਨਾਨਕ ਦੇਵ ਯੂਨੀਵਰਸਟੀ ਅੰਮ੍ਰਿਤਸਰ ਸਰੋਤ ਵਕਤਾ ਵਜੋਂ ਸ਼ਾਮਿਲ ਹੋਏ। ਪ੍ਰਿੰਸੀਪਲ ਡਾ. ਪੁਸ਼ਪਿੰਦਰ ਵਾਲੀਆ ਵਲੋਂ ਆਏ ਹੋਏ ਮਹਿਮਾਨ ਦਾ ਸਵਾਗਤ ਕਰਦਿਆਂ ਕਿਹਾ ਕਿ ਪ੍ਰੋਗਰਾਮ ਦਾ ਮੁੱਖ ਮੰਤਵ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਲਾਸਾਨੀ ਸ਼ਹਾਦਤ ਨਾਲ ਸੰਬੰਧਿਤ ਅਸਲ ਹਕੀਕਤ ਦੇ ਰੂ-ਬ-ਰੂ ਕਰਵਾਉਣਾ ਸੀ। ਉਨ੍ਹਾਂ ਗੁਰਦੁਆਰਾ ਮਟਨ ਸਾਹਿਬ ਬਾਰੇ ਜਾਣਕਾਰੀ ਦਿੰਦਿਆਂ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਕੋਲ ਫਰਿਆਦ ਲੈ ਕੇ ਆਉਣ ਵਾਲੇ ਕਸ਼ਮੀਰੀ ਪੰਡਿਤਾਂ ਦੇ ਇਤਿਹਾਸਿਕ ਪਿਛੋਕੜ ਤੋਂ ਜਾਣੂੰ ਕਰਵਾਇਆ। ਡਾ. ਮਨਜਿੰਦਰ ਸਿੰਘ ਨੇ ਆਪਣੇ ਭਾਸ਼ਣ ਵਿਚ ਧਰਮ ਦੇ ਅਸਲੀ ਅਰਥ ਸਮਝਾਉਂਦੇ ਹੋਏ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨੂੰ ਕਿਸੇ ਧਰਮ ਵਿਸ਼ੇਸ਼ ਲਈ ਨਾ ਹੋ ਕੇ ਸਮੁੱਚੀ ਮਨੁੱਖਤਾ ਦੀ ਆਜ਼ਾਦੀ ਨਾਲ ਜੋੜ ਕੇ ਪੇਸ਼ ਕੀਤਾ। ਸ੍ਰੀ ਗੁਰੂ ਅਰਜਨ ਦੇਵ ਜੀ ਦੁਆਰਾ ਰਚਿਤ ਬਾਣੀ ਨਾ ਹਮ ਹਿੰਦੂ ਨਾ ਮੁਸਲਮਾਨ ਦਾ ਹਵਾਲਾ ਦਿੰਦਿਆਂ ਉਨ੍ਹਾਂ ਸਿੱਖ ਵਿਚਾਰਧਾਰਾ ਨੂੰ ਸੰਪਰਦਾਇਕ ਦੀ ਥਾਂ 'ਤੇ ਨਿਰੋਲ ਧਾਰਮਿਕ ਦੱਸਦੇ ਹੋਏ ਸਮੁੱਚੀ ਮਾਨਵਤਾ ਨੂੰ ਗੁਰੂ ਸਾਹਿਬ ਦੇ ਉਪਦੇਸ਼ਾਂ ਨੂੰ ਆਪਣੇ ਜੀਵਨ ਵਿਚ ਧਾਰਨ ਕਰਨ ਦੀ ਸਲਾਹ ਦਿੱਤੀ। ਉਨ੍ਹਾਂ ਭਾਈ ਜੈਤਾ ਜੀ ਦੇ ਜੀਵਨ ਅਤੇ ਸਿੱਖ ਧਰਮ ਵਿਚ ਉਨ੍ਹਾਂ ਦੀ ਅਹਿਮੀਅਤ ਨੂੰ ਬਿਆਨ ਕੀਤਾ ਅਤੇ ਸਿੱਖ ਧਰਮ ਵਿਚ ਉੱਚ ਨੀਚ ਵਰਗਾ ਕੋਈ ਵੀ ਭੇਦ ਨਾ ਹੋਣ ਦੀ ਗੱਲ ਸਪੱਸ਼ਟ ਕਰਦਿਆਂ ਇਸ ਗੱਲ ਦੀ ਪੁਸ਼ਟੀ ਕਰਨ ਵਾਲੇ ਹੋਰ ਕਈ ਮਹੱਤਵਪੂਰਨ ਤੱਥਾਂ ਨਾਲ ਵਿਦਿਆਰਥੀਆਂ ਦੀ ਸਾਂਝ ਸਥਾਪਿਤ ਕੀਤੀ। ਇਸ ਮੌਕੇ ਸ੍ਰੀਮਤੀ ਕਮਾਇਨੀ ਆਨੰਦ, ਡੀਨ, ਅਕਾਦਮਿਕ, ਡਾ. ਅਨੀਤਾ ਨਰਿੰਦਰ, ਡੀਨ, ਕਮਿਊਨਿਟੀ ਇਨੀਸ਼ੀਏਟਿਵਜ਼ ਡਿਵੈਲਪਮੈਂ, ਡਾ. ਸੀਮਾ ਜੇਤਲੀ, ਮੁਖੀ, ਸਮਾਜ ਸ਼ਾਸਤਰ ਵਿਭਾਗ ਸਹਿਤ ਸਮੁੱਚਾ ਪੰਜਾਬੀ ਵਿਭਾਗ ਅਤੇ ਵਿਦਿਆਰਥੀ ਮੌਜੂਦ ਰਹੇ। ਮੰਚ ਸੰਚਾਲਨ ਪੰਜਾਬੀ ਵਿਭਾਗ ਦੇ ਮੁਖੀ ਡਾ. ਪਰਮਜੀਤ ਕੌਰ ਵਲੋਂ ਕੀਤਾ ਗਿਆ।

ਪ੍ਰੋਗਰਾਮ ਮੌਕੇ ਮੰਚ 'ਤੇ ਬੈਠੇ ਪ੍ਰੋਫ਼ੈਸਰ (ਡਾ.) ਮਨਜਿੰਦਰ ਸਿੰਘ, ਪ੍ਰਿੰਸੀਪਲ ਡਾ. ਪੁਸ਼ਪਿੰਦਰ ਵਾਲੀਆ ਤੇ ਹੋਰ। ਅਜੀਤ ਤਸਵੀਰ

ਧਾਰਮਿਕ ਸਮਾਰੋਹ ਦੌਰਾਨ ਡਾਇਰੈਕਟਰ ਰਵਿੰਦਰ ਪਠਾਨੀਆ, ਪ੍ਰਿੰ. ਹਿਮਾਨੀ ਪਠਾਨੀਆ, ਸਕੂਲ ਸਟਾਫ ਅਤੇ ਵਿਦਿਆਰਥੀ। ਅਜੀਤ ਤਸਵੀਰ

ਡੀ. ਆਰ. ਮਾਡਰਨ ਸੀਨੀਅਰ ਸੈਕੰਡਰੀ ਸਕੂਲ 'ਚ ਸ਼ਹੀਦੀ ਦਿਹਾੜਾ ਮਨਾਇਆ

ਅੰਮ੍ਰਿਤਸਰ, 27 ਨਵੰਬਰ (ਗਗਨਦੀਪ ਸ਼ਰਮਾ)-ਡੀ. ਆਰ. ਮਾਡਰਨ ਸੀਨੀਅਰ ਸੈਕੰਡਰੀ ਸਕੂਲ 'ਚ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਹਾੜਾ ਮਨਾਇਆ ਗਿਆ। ਇਸ ਧਾਰਮਿਕ ਸਮਾਰੋਹ ਦੀ ਸ਼ੁਰੂਆਤ ਗੁਰਬਾਣੀ ਅਤੇ ਅਰਦਾਸ ਦੇ ਨਾਲ ਹੋਈ। ਉਪਰੰਤ ਵਿਦਿਆਰਥੀਆਂ ਨੇ ਕਵਿਤਾ ਪਾਠ, ਭਾਸ਼ਣ ਅਤੇ ਸ਼ਬਦ ਕੀਰਤਨ ਰਾਹੀਂ ਗੁਰੂ ਸਾਹਿਬ ਦੇ ਜੀਵਨ, ਕੁਰਬਾਨੀ ਅਤੇ ਮਨੁੱਖੀ ਕਦਰਾਂ-ਕੀਮਤਾਂ ਨੂੰ ਸੁੰਦਰ ਢੰਗ ਨਾਲ ਪੇਸ਼ ਕੀਤਾ। ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਲਗਾਤਾਰ 10 ਦਿਨ ਗੁਰੂ ਸਾਹਿਬ ਦੇ ਜੀਵਨ ਦੀਆਂ ਪ੍ਰੇਰਨਾਦਾਇਕ ਬਾਣੀਆਂ ਅਤੇ ਕਹਾਣੀਆਂ ਰੋਜ਼ਾਨਾ ਵਿਦਿਆਰਥੀਆਂ ਨੂੰ ਸੁਣਾਈਆਂ ਜਾਂ